ਮਾਰੂ ਮਹਲਾ ੫ ॥ ਪਤਿਤ ਉਧਾਰਨ ਤਾਰਨ ਬਲਿ ਬਲਿ ਬਲੇ ਬਲਿ ਜਾਈਐ ॥ ਐਸਾ ਕੋਈ ਭੇਟੈ ਸੰਤੁ ਜਿਤੁ ਹਰਿ ਹਰੇ ਹਰਿ ਧਿਆਈਐ ॥੧॥ ਮੋ ਕਉ ਕੋਇ ਨ ਜਾਨਤ ਕਹੀਅਤ ਦਾਸੁ ਤੁਮਾਰਾ ॥ ਏਹਾ ਓਟ ਆਧਾਰਾ ॥੧॥ ਰਹਾਉ ॥ ਸਰਬ ਧਾਰਨ ਪ੍ਰਤਿਪਾਰਨ ਇਕ ਬਿਨਉ ਦੀਨਾ ॥ ਤੁਮਰੀ ਬਿਧਿ ਤੁਮ ਹੀ ਜਾਨਹੁ ਤੁਮ ਜਲ ਹਮ ਮੀਨਾ ॥੨॥ ਪੂਰਨ ਬਿਸਥੀਰਨ ਸੁਆਮੀ ਆਹਿ ਆਇਓ ਪਾਛੈ ॥ ਸਗਲੋ ਭੂ ਮੰਡਲ ਖੰਡਲ ਪ੍ਰਭ ਤੁਮ ਹੀ ਆਛੈ ॥੩॥ ਅਟਲ ਅਖਇਓ ਦੇਵਾ ਮੋਹਨ ਅਲਖ ਅਪਾਰਾ ॥ ਦਾਨੁ ਪਾਵਉ ਸੰਤਾ ਸੰਗੁ ਨਾਨਕ ਰੇਨੁ ਦਾਸਾਰਾ ॥੪॥੬॥੨੨॥ {ਪੰਨਾ 1005}

ਪਦਅਰਥ:- ਪਤਿਤ ਉਧਾਰਨ—ਵਿਕਾਰਾਂ ਵਿਚ ਡਿੱਗਿਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ। ਤਾਰਨ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ। ਬਲਿ ਜਾਇਐ—ਕੁਰਬਾਨ ਜਾਣਾ ਚਾਹੀਦਾ ਹੈ। ਭੇਟੈ—ਮਿਲ ਪਏ। ਜਿਤੁ—ਜਿਸ (ਸੰਤ) ਦੀ ਰਾਹੀਂ। ਧਿਆਈਐ—ਧਿਆਇਆ ਜਾ ਸਕੇ।1।

ਮੋ ਕਉ—ਮੈਨੂੰ। ਕਹੀਅਤ—ਅਖਵਾਂਦਾ ਹਾਂ। ਓਟ—ਸਹਾਰਾ। ਆਧਾਰ—ਆਸਰਾ।1। ਰਹਾਉ।

ਸਰਬ ਧਾਰਨ—ਹੇ ਸਾਰਿਆਂ ਨੂੰ ਸਹਾਰਾ ਦੇਣ ਵਾਲੇ! ਸਰਬ ਪ੍ਰਤਿਪਾਰਨ—ਹੇ ਸਭ ਨੂੰ ਪਾਲਣ ਵਾਲੇ! ਬਿਨਉ—ਬੇਨਤੀ। ਦੀਨਾ—ਮੈਂ ਨਿਮਾਣਾ। ਬਿਧਿ—ਜੁਗਤਿ, ਢੰਗ। ਹਮ—ਅਸੀਂ ਜੀਵ। ਮੀਨਾ—ਮੱਛੀ।2।

ਪੂਰਨ—ਹੇ ਸਰਬ-ਵਿਆਪਕ! ਬਿਸਥੀਰਨ—ਹੇ ਸਾਰੇ ਪਸਾਰੇ ਵਾਲੇ! ਆਹਿ—ਤਾਂਘ ਨਾਲ। ਪਾਛੈ—ਤੇਰੀ ਸਰਨ। ਭੂ—ਧਰਤੀ। ਭੂ ਮੰਡਲ—ਧਰਤੀਆਂ ਦੇ ਮੰਡਲ। ਭੂ ਖੰਡਲ—ਧਰਤੀ ਦੇ ਹਿੱਸੇ। ਆਛੈ—ਹੈਂ।3।

ਅਖਇਓ—ਹੇ ਨਾਸ-ਰਹਿਤ! ਦੇਵਾ—ਹੇ ਪ੍ਰਕਾਸ਼-ਰੂਪ! ਪਾਵਉ—ਪਾਵਉਂ, ਮੈਂ ਹਾਸਲ ਕਰਾਂ। ਸੰਗੁ—ਸਾਥ। ਰੇਨੁ—ਚਰਨ-ਧੂੜ। ਰੇਨੁ ਦਾਸਰਾ—ਤੇਰੇ ਦਾਸਾਂ ਦੀ ਚਰਨ-ਧੂੜ।4।

ਅਰਥ:- ਹੇ ਪ੍ਰਭੂ! ਮੈਨੂੰ (ਤਾਂ) ਕੋਈ ਨਹੀਂ ਜਾਣਦਾ, ਪਰ ਮੈਂ ਤੇਰਾ ਦਾਸ ਅਖਵਾਂਦਾ ਹਾਂ। ਮੈਨੂੰ ਇਹੀ ਸਹਾਰਾ ਹੈ, ਮੈਨੂੰ ਇਹੀ ਆਸਰਾ ਹੈ (ਕਿ ਤੂੰ ਆਪਣੇ ਦਾਸ ਦੀ ਲਾਜ ਰੱਖੇਂਗਾ)।1। ਰਹਾਉ।

ਹੇ ਭਾਈ! ਵਿਕਾਰੀਆਂ ਨੂੰ ਬਚਾਣ ਵਾਲੇ ਅਤੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲੇ ਪਰਮਾਤਮਾ ਤੋਂ ਸਦਾ ਹੀ ਕੁਰਬਾਨ ਜਾਣਾ ਚਾਹੀਦਾ ਹੈ, (ਹਰ ਵੇਲੇ ਇਹੀ ਅਰਦਾਸ ਕਰਨੀ ਚਾਹੀਦੀ ਹੈ ਕਿ) ਕੋਈ ਅਜਿਹਾ ਸੰਤ ਮਿਲ ਪਏ ਜਿਸ ਦੀ ਰਾਹੀਂ ਸਦਾ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ।1।

ਹੇ ਸਾਰੇ ਜੀਵਾਂ ਨੂੰ ਸਹਾਰਾ ਦੇਣ ਵਾਲੇ! ਹੇ ਸਭਨਾਂ ਨੂੰ ਪਾਲਣ ਵਾਲੇ! ਮੈਂ ਨਿਮਾਣਾ ਇਕ ਬੇਨਤੀ ਕਰਦਾ ਹਾਂ ਕਿ ਤੂੰ ਪਾਣੀ ਹੋਵੇਂ ਤੇ ਮੈਂ ਤੇਰੀ ਮੱਛੀ ਬਣਿਆ ਰਹਾਂ (ਪਰ ਇਹ ਕਿਵੇਂ ਹੋ ਸਕੇ—ਇਹ) ਜੁਗਤਿ ਤੂੰ ਆਪ ਹੀ ਜਾਣਦਾ ਹੈਂ।2।

ਹੇ ਸਰਬ-ਵਿਆਪਕ! ਹੇ ਸਾਰੇ ਪਸਾਰੇ ਦੇ ਮਾਲਕ! ਮੈਂ ਤੇਰੀ ਸਰਨ ਆ ਪਿਆ ਹਾਂ। ਇਹ ਸਾਰਾ ਆਕਾਰ—ਧਰਤੀ, ਧਰਤੀਆਂ ਦੇ ਚੱਕਰ, ਧਰਤੀ ਦੇ ਹਿੱਸੇ—ਇਹ ਸਭ ਕੁਝ ਤੂੰ ਆਪ ਹੀ ਹੈਂ (ਤੂੰ ਆਪਣੇ ਆਪ ਤੋਂ ਪੈਦਾ ਕੀਤੇ ਹਨ)।3।

ਹੇ ਨਾਨਕ! (ਆਖ—) ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਬਿਨਾਸੀ! ਹੇ ਪ੍ਰਕਾਸ਼-ਰੂਪ! ਹੇ ਸੋਹਣੇ ਸਰੂਪ ਵਾਲੇ! ਹੇ ਅਲੱਖ! ਹੇ ਬੇਅੰਤ! ਤੇਰੇ ਸੰਤਾਂ ਦੀ ਸੰਗਤਿ ਅਤੇ ਦਾਸਾਂ ਦੀ ਚਰਨ-ਧੂੜ—(ਮਿਹਰ ਕਰ) ਮੈਂ ਇਹ ਖ਼ੈਰ ਪ੍ਰਾਪਤ ਕਰ ਸਕਾਂ।4।6। 22।